# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :28-11-2025**

- ਪ੍ਰਧਾਨ ਮੰਤਰੀ ਨੇ ਕਿਹਾ ਏ ਕਿ ਭਾਰਤ ਸਪੱਸ਼ਟ ਨੀਤੀਆਂ, ਨਿਰੰਤਰ ਕਾਰਵਾਈ ਤੇ ਜ਼ਮੀਨੀ ਪੱਧਰ 'ਤੇ ਕੀਤੇ ਯਤਨਾਂ ਨਾਲ ਬਾਲ ਵਿਆਹ ਨੂੰ ਖ਼ਤਮ ਕਰਨ ਦੇ ਰਾਹ 'ਤੇ
- ਕੇਂਦਰੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਏ ਕਿ ਭਾਰਤ ਜਲਦੀ ਹੀ ਦੁਨੀਆ ਦਾ ਇਕ ਪ੍ਰਮੁੱਖ ਸੈਮੀਕੰਡਕਟਰ ਰਾਸ਼ਟਰ ਬਣ ਜਾਵੇਗਾ-ਮੋਹਾਲੀ ਦੇ ਐਸ.ਸੀ.ਐਲ. ਵਿਖੇ ਸੈਮੀਕੰਡਕਟਰ ਪ੍ਰੋਸੈਸ ਗੈਲਰੀ ਤੇ ਪਰੰਗਟ ਸੈਮੀਕੰਡਕਟਰ ਸਿਖਲਾਈ ਲੈਬ ਦਾ ਉਦਘਾਟਨ
- ਪੰਜਾਬ ਚ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਚੋਣਾਂ ਲਈ ਵੋਟਾਂ 14 ਦਸੰਬਰ ਨੂੰ ਪੈਣਗੀਆਂ-ਸੂਬੇ ਚ ਚੋਣ ਜ਼ਾਬਤਾ ਹੋਇਆ ਲਾਗੂ

- ਪੰਜਾਬ ਸਰਕਾਰ ਵਲੋਂ 12 ਪ੍ਰਮੁੱਖ ਸ਼੍ਰੇਣੀਆਂ ਦੇ 300 ਸਪੈਸ਼ਲਿਸਟ ਡਾਕਟਰਾਂ ਨੂੰ ਸੂਚੀਬੱਧ ਕਰਨ ਦੀ ਪ੍ਰਵਾਨਗੀ

  **ਹੁਣ ਖਬਰਾਂ ਵਿਸਥਾਰ ਨਾਲ**

---------------------------------------------------------------------

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਕਿਹਾ ਏ ਕਿ ਭਾਰਤ ਸਪੱਸ਼ਟ ਨੀਤੀਆਂ, ਨਿਰੰਤਰ ਕਾਰਵਾਈ ਤੇ ਜ਼ਮੀਨੀ ਪੱਧਰ 'ਤੇ ਕੀਤੇ ਗਏ ਯਤਨਾਂ ਨਾਲ ਬਾਲ ਵਿਆਹ ਨੂੰ ਖ਼ਤਮ ਕਰਨ ਦੇ ਰਾਹ 'ਤੇ ਹੈ । ਪ੍ਰਧਾਨ ਮੰਤਰੀ ਨੇ ਇਹ ਗੱਲ ਮਹਿਲਾ ਅਤੇ ਬਾਲ ਵਿਕਾਸ ਮੰਤਰੀ ਅੰਨਪੂਰਨਾ ਦੇਵੀ ਦੁਆਰਾ ਲਿਖੇ ਇੱਕ ਲੇਖ ਨੂੰ ਸਾਂਝਾ ਕਰਦੇ ਹੋਏ ਇਕ ਸੋਸ਼ਲ ਮੀਡੀਆ ਪੋਸਟ ਵਿੱਚ ਕਹੀ । ਮੰਤਰੀ ਨੇ ਆਪਣੇ ਲੇਖ ਵਿੱਚ ਬਾਲ ਵਿਆਹ ਮੁਕਤ ਭਾਰਤ ਦਾ ਸੱਦਾ ਦਿੱਤਾ ਏ ।

---------------------------------------------------------------------

ਕੇਂਦਰੀ ਸੂਚਨਾ ਤੇ ਪ੍ਰਸਾਰਣ ਤੇ ਇਲੈਕਟ੍ਰਾਨਿਕਸ ਤੇ ਸੂਚਨਾ ਤਕਨਾਲੋਜੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਏ ਕਿ ਭਾਰਤ ਜਲਦੀ ਹੀ ਦੁਨੀਆ ਦਾ ਇੱਕ ਪ੍ਰਮੁੱਖ ਸੈਮੀਕੰਡਕਟਰ ਰਾਸ਼ਟਰ ਬਣ ਜਾਵੇਗਾ ਤੇ ਮੋਹਾਲੀ ਸਥਿਤ ਸੈਮੀ-ਕੰਡਕਟਰ ਪ੍ਰਯੋਗਸ਼ਾਲਾ, ਐਸ.ਸੀ.ਐਲ. ਇਸ ਵਿੱਚ ਇੱਕ

ਪ੍ਰਮੁੱਖ ਭੂਮਿਕਾ ਨਿਭਾਏਗੀ । ਮੰਤਰੀ ਨੇ ਅੱਜ ਮੋਹਾਲੀ ਵਿੱਚ ਐਸ.ਸੀ.ਐਲ. ਵਿਖੇ ਸੈਮੀਕੰਡਕਟਰ ਪ੍ਰੋਸੈਸ ਗੈਲਰੀ ਤੇ ਪਰੰਗਟ ਸੈਮੀਕੰਡਕਟਰ ਸਿਖਲਾਈ ਲੈਬ ਦਾ ਉਦਘਾਟਨ ਕਰਦਿਆਂ ਕਿਹਾ ਕਿ ਪ੍ਰਧਾਨ ਮੰਤਰੀ ਦੇ ਇੰਡੀਆ ਸੈਮੀਕੰਡਕਟਰ ਮਿਸ਼ਨ ਦੇ ਦ੍ਰਿਸ਼ਟੀਕੋਣ ਤਹਿਤ, ਇਸ ਪੰਜਾਬ ਸਥਿਤ ਸਹੂਲਤ ਨੂੰ 4500 ਕਰੋੜ ਰੁਪਏ ਦੇ ਨਿਵੇਸ਼ ਨਾਲ ਅਪਗ੍ਰੇਡ ਕੀਤਾ ਜਾਵੇਗਾ । ਉਨ੍ਹਾਂ ਕਿਹਾ ਕਿ ਇਸ ਦਾ ਉਤਪਾਦਨ ਮੌਜੂਦਾ ਨਾਲੋਂ 100 ਗੁਣਾ ਵੱਧ ਵਧਾਉਣ ਲਈ ਇਸ ਨੂੰ ਨਵੇਂ ਔਜ਼ਾਰਾਂ ਤੇ ਹੋਰ ਜ਼ਰੂਰਤਾਂ ਨਾਲ ਆਧੁਨਿਕ ਬਣਾਇਆ ਜਾਵੇਗਾ। ਇਸ ਦੇ ਅਪਗ੍ਰੇਡੇਸ਼ਨ ਨਾਲ, ਐਸ.ਸੀ.ਐਲ. ਚਿੱਪ ਫੈਬਰੀਕੇਸ਼ਨ ਲਈ ਰਣਨੀਤਕ, ਖੋਜ ਤੇ ਵਿਦਿਆਰਥੀਆਂ ਦੀਆਂ ਜ਼ਰੂਰਤਾਂ ਨੂੰ ਪੂਰਾ ਕਰੇਗਾ । ਮੰਤਰੀ ਨੇ ਪੰਜਾਬ ਸਰਕਾਰ ਨੂੰ ਸੰਸਥਾ ਦੇ ਬਿਹਤਰ ਭਵਿੱਖ ਲਈ ਅਪਗ੍ਰੇਡੇਸ਼ਨ ਤੇ ਇਸ ਦੇ ਲੰਬੇ ਸਮੇਂ ਦੇ ਵਿਕਾਸ ਲਈ ਐਸ.ਸੀ.ਐਲ., ਮੋਹਾਲੀ ਨੂੰ 25 ਏਕੜ ਨਾਲ ਲੱਗਦੀ ਜ਼ਮੀਨ ਪ੍ਰਦਾਨ ਕਰਨ ਲਈ ਕਿਹਾ।

---------------------------------------------------

ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਨ ਲਈ ਪੰਜਾਬ ਸਰਕਾਰ ਨੇ 12 ਪ੍ਰਮੁੱਖ ਸ਼੍ਰੇਣੀਆਂ ਦੇ 300 ਸਪੈਸ਼ਲਿਸਟ ਡਾਕਟਰਾਂ ਨੂੰ

ਸੂਚੀਬੱਧ ਕਰਨ ਦੀ ਸਹਿਮਤੀ ਦੇ ਦਿੱਤੀ ਏ। ਇਸ ਸਬੰਧੀ ਫੈਸਲਾ ਮੁੱਖ ਮੰਤਰੀ ਦੀ ਅਗਵਾਈ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਵਿਚ ਲਿਆ ਗਿਆ। ਮੁੱਖ ਮੰਤਰੀ ਦਫ਼ਤਰ ਦੇ ਬੁਲਾਰੇ ਨੇ ਦੱਸਿਆ ਕਿ ਕੈਬਨਿਟ ਨੇ 12 ਅਹਿਮ ਸ਼੍ਰੇਣੀਆਂ, ਜਿਨ੍ਹਾਂ ਵਿਚ ਮੈਡੀਸਨ, ਬੱਚਿਆਂ ਦੇ ਮਾਹਿਰ, ਮਨੋਰੋਗਾਂ ਦੇ ਮਾਹਿਰ, ਚਮੜੀ ਰੋਗਾਂ, ਛਾਤੀ ਤੇ ਟੀ.ਬੀ. ਦੇ ਰੋਗਾਂ, ਔਰਤਾਂ ਦੇ ਰੋਗਾਂ, ਹੱਡੀਆਂ ਦੇ ਮਾਹਿਰ, ਅੱਖਾਂ. ਕੰਨ, ਨੱਕ ਤੇ ਗਲਾ ਰੋਗਾਂ ਦੇ ਮਾਹਿਰ, ਸਰਜਰੀ, ਗਾਇਨਾਕੋਲੋਜੀ ਆਦਿ ਦੇ 300 ਮਾਹਿਰ ਡਾਕਟਰਾਂ ਨੂੰ ਸੂਚੀਬੱਧ ਕਰਨ ਦਾ ਫੈਸਲਾ ਕੀਤਾ ਏ। ਇਸ ਕਦਮ ਨਾਲ ਸਪੈਸ਼ਲਿਸਟ ਡਾਕਟਰਾਂ ਦੀ ਉਪਲਬਧਤਾ ਵਧੇਗੀ ਤੇ ਪੰਜਾਬ ਦੇ ਲੋਕਾਂ ਨੂੰ ਸੈਕੰਡਰੀ ਪੱਧਰ ਦੀਆਂ ਸਿਹਤ ਸੰਭਾਲ ਸੇਵਾਵਾਂ ਦੀ ਗੁਣਵੱਤਾ ਵਿੱਚ ਸੁਧਾਰ ਹੋਵੇਗਾ। ਇਨ੍ਹਾਂ ਸਪੈਸ਼ਲਿਸਟ ਡਾਕਟਰਾਂ ਨੂੰ ਸੂਚੀਬੱਧ ਕਰਨ ਦੀ ਪ੍ਰਕਿਰਿਆ ਜ਼ਿਲ੍ਹਾ ਪੱਧਰ ਉੱਤੇ ਸਿਵਲ ਸਰਜਨਾਂ ਰਾਹੀਂ ਕੀਤੀ ਜਾਵੇਗੀ ਤੇ ਸੂਚੀਬੱਧ ਹੋਏ ਡਾਕਟਰ ਓ.ਪੀ.ਡੀ., ਆਈ.ਪੀ.ਡੀ., ਐਮਰਜੈਂਸੀ, ਵੱਡੇ ਤੇ ਛੋਟੇ ਅਪਰੇਸ਼ਨਾਂ ਤੇ ਹੋਰ ਵੱਖ-ਵੱਖ ਤਰ੍ਹਾਂ ਦੀਆਂ ਸੇਵਾਵਾਂ ਲਈ ਪ੍ਰਤੀ ਮਰੀਜ਼ ਇੰਪੈਨਲਮੈਂਟ ਫੀਸ ਲੈਣ ਦੇ ਯੋਗ ਹੋਣਗੇ। ਇਸ ਦੇ ਨਾਲ ਹੀ ਮੰਤਰੀ ਮੰਡਲ ਨੇ ਮਾਈਨਿੰਗ ਸੇਵਾਵਾਂ ਨੂੰ ਵਧੇਰੇ ਕੁਸ਼ਲ, ਨਾਗਰਿਕ-ਪੱਖੀ ਤੇ ਪਾਰਦਰਸ਼ੀ

ਬਣਾਉਣ ਲਈ ਪੰਜਾਬ ਰਾਜ ਮਾਈਨਰ ਮਿਨਰਲਜ਼ (ਸੋਧ) ਨੀਤੀ 2025 ਅਨੁਸਾਰ ਪੰਜਾਬ ਮਾਈਨਰ ਮਿਨਰਲ ਨਿਯਮ, 2013 ਵਿੱਚ ਸੋਧ ਕਰਨ ਨੂੰ ਵੀ ਪ੍ਰਵਾਨਗੀ ਦੇ ਦਿੱਤੀ। ਕੈਬਨਿਟ ਨੇ ਪੰਜਾਬ ਸਹਿਕਾਰੀ ਸਭਾਵਾਂ ਦੇ ਨਿਯਮ, 1963 ਅਧੀਨ ਇਕਸਾਰ ਅਨੁਸ਼ਾਸਨੀ ਤੇ ਅਪੀਲੀ ਢਾਂਚੇ ਨੂੰ ਵੀ ਸਹਿਮਤੀ ਦਿੱਤੀ।

---------------------------------------------------------------

ਪੰਜਾਬ ਚ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਚੋਣਾਂ ਦਾ ਐਲਾਨ ਹੋ ਗਿਆ ਏ, ਜਿਨਾਂ ਲਈ ਵੋਟਾਂ 14 ਦਸੰਬਰ ਨੂੰ ਪੈਣਗੀਆਂ ਜਦਕਿ ਗਿਣਤੀ 17 ਦਸੰਬਰ ਨੂੰ ਹੋਵੇਗੀ। ਰਾਜ ਚੋਣ ਕਮਿਸ਼ਨਰ ਰਾਜ ਕਮਲ ਚੌਧਰੀ ਨੇ ਚੋਣਾਂ ਦਾ ਐਲਾਨ ਕਰਦਿਆਂ ਕਿਹਾ ਕਿ ਚੋਣਾਂ ਬੈਲਟ ਪੇਪਰਾਂ ਰਾਹੀਂ ਹੋਣਗੀਆਂ ਉਹਨਾਂ ਦੱਸਿਆ ਕਿ ਨਾਮਜ਼ਦਗੀ ਪ੍ਰਕਿਰਿਆ 1 ਤੋਂ 4 ਦਸੰਬਰ ਤੱਕ ਜਾਰੀ ਰਹੇਗੀ। ਨਾਮਜ਼ਦਗੀਆਂ ਵਾਪਸ ਲੈਣ ਦੀ ਮਿਤੀ 6 ਦਸੰਬਰ ਹੋਵੇਗੀ। ਔਰਤਾਂ ਲਈ 50 ਫੀਸਦੀ ਸੀਟਾਂ ਰਾਖਵੀਆਂ ਹੋਣਗੀਆਂ। ਇਹਨਾਂ ਚੋਣਾਂ ਵਿਚ 357 ਜ਼ੋਨਾਂ ਵਿਚ 23 ਜ਼ਿਲਾ ਪਰਿਸ਼ਦ ਲਈ ਤੇ 2 ਹਾਜ਼ਰ 863 ਜ਼ੋਨਾਂ ਵਿਚ 154 ਪੰਚਾਇਤ ਸੰਮਤੀ ਲਈ ਮੈਂਬਰ ਚੁਣੇ ਜਾਣਗੇ , ਕੁੱਲ ਵੋਟਰਾਂ ਦੀ ਗਿਣਤੀ 1 ਕਰੋੜ 36 ਲੱਖ 4 ਹਾਜ਼ਰ 650 ਏ , ਕੁਲ 18 ਹਾਜ਼ਰ 181

ਪੋਲਿੰਗ ਬੂਥ ਬਣਾਏ ਗਏ ਨੇ, ਇਸ ਤੋਂ ਇਲਾਵਾ ਅਧਿਕਾਰੀਆਂ ਦੀ ਤਾਇਨਾਤੀ ਸਮੇਤ ਸੁਰੱਖਿਆ ਤੇ ਹੋਰ ਜ਼ਰੂਰੀ ਚੀਜ਼ਾਂ ਦੇ ਪੁਖਤਾ ਪ੍ਰਬੰਧ ਕੀਤੇ ਗਏ ਨੇ ਚੋਣਾਂ ਦੇ ਐਲਾਨ ਨਾਲ ਸੂਬੇ ਚ ਤੁਰੰਤ ਪ੍ਰਭਾਵ ਨਾਲ ਚੋਣ ਜ਼ਾਬਤਾ ਲਾਗੂ ਹੋ ਗਿਆ ਏ।

---------------------------------------------------

ਜਲੰਧਰ ਪੁਲਿਸ ਕਮਿਸ਼ਨਰੇਟ ਨੇ ਕੁਝ ਦਿਨ ਪਹਿਲਾਂ ਲਾਪਤਾ ਹੋਈਆਂ ਦੋ ਨਾਬਾਲਗ ਲੜਕੀਆਂ ਨੂੰ ਬਰਾਮਦ ਕਰਨ ਵਿੱਚ ਸਫਲਤਾ ਹਾਸਲ ਕੀਤੀ ਏ । ਇਸ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਨੇ ਦੱਸਿਆ ਕਿ ਏ ਦੋਵੇਂ ਨਾਬਾਲਗ ਲੜਕੀਆਂ, ਜਿੰਨਾ ਦੀ ਉਮਰ 14 ਤੇ 16 ਸਾਲ ਏ, ਸਕੂਲ ਤੋਂ ਵਾਪਸ ਆਉਂਦੇ ਸਮੇਂ ਲਾਪਤਾ ਹੋ ਗਈਆਂ ਸਨ। ਉਹਨਾਂ ਦੱਸਿਆ ਕਿ ਤੁਰੰਤ ਸ਼ੁਰੂ ਕੀਤੀ ਜਾਂਚ ਤੇ ਕਈ ਸ਼ੱਕੀ ਥਾਵਾਂ ‘ਤੇ ਛਾਪੇਮਾਰੀ ਤੋਂ ਬਾਅਦ ਜੰਮੂ ਤੇ ਕਸ਼ਮੀਰ ਦੇ ਕਠੂਆ ਵਿੱਚ ਸੰਯੁਕਤ ਕਾਰਵਾਈ ਦੌਰਾਨ ਪੁਲਿਸ ਨੇ ਦੋਵੇਂ ਨਾਬਾਲਗ ਲੜਕੀਆਂ ਨੂੰ ਸੁਰੱਖਿਅਤ ਬਰਾਮਦ ਕਰ ਲਿਆ ਤੇ ਘਟਨਾ ਵਿੱਚ ਸ਼ਾਮਲ ਦੋ ਦੋਸ਼ੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਏ। ਮਾਮਲੇ ਦੀ ਅੱਗੇ ਜਾਂਚ ਜਾਰੀ ਏ।

---------------------------------------------------

ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਫਰੀਦਕੋਟ ਦੇ ਤਿੰਨੋਂ ਵਿਧਾਨ ਸਭਾ ਹਲਕਿਆਂ ਦੇ ਪਿੰਡਾਂ ਤੋਂ ਅੰਮ੍ਰਿਤਸਰ ਵਿਖੇ ਧਾਰਮਿਕ ਦਰਸ਼ਨਾਂ ਲਈ ਬੱਸਾਂ ਰਵਾਨਾ ਹੋਈਆਂ। ਹਲਕਾ ਫਰੀਦਕੋਟ ਦੇ ਪਿੰਡ ਅਰਾਈਆਂ ਵਾਲਾ ਖੁਰਦ ਤੋਂ ਸ਼ਰਧਾਲੂਆਂ ਨੂੰ ਲੈ ਕੇ ਜਾਣ ਵਾਲੀ ਬੱਸ ਨੂੰ ਬੇਅੰਤ ਕੌਰ ਨੇ ਰਵਾਨਾ ਕੀਤਾ। ਇਸੇ ਤਰ੍ਹਾਂ ਹਲਕਾ ਕੋਟਕਪੂਰਾ ਦੇ ਪਿੰਡ ਟਹਿਣਾ ਤੋਂ ਐਡਵੋਕੇਟ ਬੀਰਇੰਦਰ ਸਿੰਘ ਸੰਧਵਾਂ ਨੇ ਸ਼ਰਧਾਲੂਆਂ ਦੀ ਬੱਸ ਨੂੰ ਰਵਾਨਾ ਕੀਤਾ। ਹਲਕਾ ਜੈਤੋ ਦੇ ਪਿੰਡ ਬੱਗੇਆਣਾ ਤੋਂ ਸਰਧਾਲੂਆਂ ਦੀ ਬੱਸ ਨੂੰ ਸਰਪੰਚ ਬੱਗੇਆਣਾ ਸੰਦੀਪ ਕੌਰ ਤੇ ਸਰਪੰਚ ਬੱਗੇਆਣਾ ਖੁਰਦ ਤਾਰਾ ਸਿੰਘ ਨੇ ਰਵਾਨਾ ਕੀਤਾ। ਇਸ ਮੌਕੇ ਬੇਅੰਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਤੀਰਥ ਯਾਤਰਾ ਯੋਜਨਾ ਤਹਿਤ ਸਰਧਾਲੂਆਂ ਨੂੰ ਪਵਿੱਤਰ ਸਥਾਨਾਂ ਦੇ ਦਰਸ਼ਨ ਕਰਵਾਉਣ ਦੀ ਪਹਿਲਕਦਮੀ ਬਹੁਤ ਹੀ ਸ਼ਲਾਘਯੋਗ ਏ।

---------------------------------------------------------

ਪੰਜਾਬ ਰਾਜ ਘੱਟ ਗਿਣਤੀ ਕਮਿਸ਼ਨ ਦੇ ਚੇਅਰਮੈਨ ਜਤਿੰਦਰ ਮਸੀਹ ਗੌਰਵ ਨੇ ਜਲੰਧਰ ਦੇ ਜ਼ਿਲ੍ਹਾ ਰੈੱਡ ਕਰਾਸ ਭਵਨ ਵਿਖੇ ਘੱਟ ਗਿਣਤੀ ਭਾਈਚਾਰੇ ਨਾਲ ਸਬੰਧਤ ਲੋਕਾਂ ਦੀਆਂ ਮੁਸ਼ਕਲਾਂ ਦੀ ਸੁਣਵਾਈ ਕਰਦਿਆਂ ਅਧਿਕਾਰੀਆਂ ਨੂੰ ਇਨ੍ਹਾਂ ਦੇ ਯੋਗ ਹੱਲ ਲਈ ਤੁਰੰਤ ਬਣਦੀ

ਕਾਰਵਾਈ ਅਮਲ ਵਿੱਚ ਲਿਆਉਣ ਦੀਆਂ ਹਦਾਇਤਾਂ ਕੀਤੀਆਂ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਅਮਨਿੰਦਰ ਕੌਰ, ਜੁਆਇੰਟ ਪੁਲਸ ਕਮਿਸ਼ਨਰ ਸੰਦੀਪ ਕੁਮਾਰ ਸ਼ਰਮਾ ਵੀ ਮੌਜੂਦ ਸਨ। ਇਸਾਈ ਭਾਈਚਾਰੇ ਦੀਆਂ ਕਬਰਿਸਤਾਨ ਸਬੰਧੀ ਸਮੱਸਿਆਵਾਂ ਸੁਣਦਿਆਂ ਕਮਿਸ਼ਨ ਦੇ ਚੇਅਰਮੈਨ ਨੇ ਅਧਿਕਾਰੀਆਂ ਨੂੰ ਇਸਾਈ ਭਾਈਚਾਰੇ ਦੇ ਲੋਕਾਂ ਨੂੰ ਅੰਤਿਮ ਰਸਮਾਂ ਨਿਭਾਉਣ ਵਿੱਚ ਪੇਸ਼ ਆ ਰਹੀਆਂ ਮੁਸ਼ਕਲਾਂ ਦਾ ਜਲਦ ਹੱਲ ਕੱਢਣ ਦੀਆਂ ਹਦਾਇਤਾਂ ਕੀਤੀਆਂ।

---------------------------------------------------------------

ਭਾਰਤੀ ਜਨਤਾ ਪਾਰਟੀ ਦੇ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਨੇ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਵੱਲੋਂ ਪੰਜਾਬ ਵਿੱਚ ਮਹਾਤਮਾ ਗਾਂਧੀ ਰਾਸ਼ਟਰੀ ਪੇਂਡੂ ਰੁਜ਼ਗਾਰ ਗਰੰਟੀ ਐਕਟ (ਮਨਰੇਗਾ) ਅਧੀਨ ਫੰਡਾਂ ਦੀ ਵਰਤੋਂ ਵਿੱਚ ਵੱਖ-ਵੱਖ ਕਥਿਤ ਬੇਨਿਯਮੀਆਂ ਦੀ ਉੱਚ ਪੱਧਰੀ ਜਾਂਚ ਕਰਵਾਉਣ ਦੇ ਫੈਸਲੇ ਦਾ ਸਵਾਗਤ ਕੀਤਾ ਏ। ਮੋਰਚੇ ਦੇ ਉਪ ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਦੋਸ਼ ਲਗਾਇਆ ਕਿ ਪਿਛਲੇ 10 ਸਾਲਾਂ ਤੋਂ ਪੰਜਾਬ ਦੇ ਪੇਂਡੂ ਵਿਕਾਸ ਅਤੇ ਪੰਚਾਇਤ ਵਿਭਾਗ ਵਿੱਚ ਭ੍ਰਿਸ਼ਟਾਚਾਰ ਦੇ ਘੁਟਾਲੇ ਫੈਲੇ ਹੋਏ ਨੇ, ਜੋ ਅਕਸਰ ਗ੍ਰਾਮ ਪੰਚਾਇਤ ਅਧਿਕਾਰੀਆਂ ਦੁਆਰਾ ਕੀਤੇ ਜਾਂਦੇ ਨੇ। ਇਨ੍ਹਾਂ ਵਿੱਚ

ਠੇਕੇਦਾਰਾਂ ਨਾਲ ਮਿਲੀਭੁਗਤ ਕਰਕੇ ਜਾਅਲੀ ਜੌਬ ਕਾਰਡ ਬਣਾਉਣਾ, ਜਾਅਲੀ ਭੁਗਤਾਨ ਰਸੀਦਾਂ ਬਣਾਉਣਾ ਅਤੇ ਅਯੋਗ ਜਾਂ ਮ੍ਰਿਤਕ ਲਾਭਪਾਤਰੀਆਂ ਨੂੰ ਲਾਭਪਾਤਰੀਆਂ ਵਜੋਂ ਸੂਚੀਬੱਧ ਕਰਨਾ, ਲੋੜਵੰਦ ਮਨਰੇਗਾ ਮਜ਼ਦੂਰਾਂ ਨੂੰ ਉਨ੍ਹਾਂ ਦੇ ਹੱਕਾਂ ਤੋਂ ਵਾਂਝਾ ਕਰਨਾ ਸ਼ਾਮਲ ਏ । ਹਾਲਾਂਕਿ, ਉਨ੍ਹਾਂ ਕਿਹਾ ਕਿ ਹਾਲ ਹੀ ਦੇ ਸਾਲਾਂ ਵਿੱਚ ਕਰੋੜਾਂ ਰੁਪਏ ਦੇ ਇਨ੍ਹਾਂ ਘੁਟਾਲਿਆਂ ਵਿਰੁੱਧ ਕੋਈ ਕਾਰਵਾਈ ਨਹੀਂ ਕੀਤੀ ਗਈ। ਸ੍ਰੀ ਕੈਂਥ ਨੇ ਕਿਹਾ ਕਿ ਇਕ ਵਫ਼ਦ ਸੂਬੇ ਵਿੱਚ ਮਨਰੇਗਾ ਮਜ਼ਦੂਰਾਂ ਦੁਆਰਾ ਦਰਪੇਸ਼ ਬੇਨਿਯਮੀਆਂ ਨੂੰ ਉਜਾਗਰ ਕਰਨ ਤੇ ਬੇਨਿਯਮੀਆਂ ਸੰਬੰਧੀ ਵੇਰਵੇ ਪੇਸ਼ ਕਰਨ ਲਈ ਖੇਤੀਬਾੜੀ ਮੰਤਰੀ ਚੌਹਾਨ ਨੂੰ ਮਿਲੇਗਾ।

---

- ਪ੍ਰਧਾਨ ਮੰਤਰੀ ਨੇ ਕਿਹਾ ਏ ਕਿ ਭਾਰਤ ਸਪੱਸ਼ਟ ਨੀਤੀਆਂ, ਨਿਰੰਤਰ ਕਾਰਵਾਈ ਤੇ ਜ਼ਮੀਨੀ ਪੱਧਰ 'ਤੇ ਕੀਤੇ ਯਤਨਾਂ ਨਾਲ ਬਾਲ ਵਿਆਹ ਨੂੰ ਖ਼ਤਮ ਕਰਨ ਦੇ ਰਾਹ 'ਤੇ
- ਕੇਂਦਰੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਏ ਕਿ ਭਾਰਤ ਜਲਦੀ ਹੀ ਦੁਨੀਆ ਦਾ ਇਕ ਪ੍ਰਮੁੱਖ ਸੈਮੀਕੰਡਕਟਰ ਰਾਸ਼ਟਰ ਬਣ ਜਾਵੇਗਾ-ਮੋਹਾਲੀ ਦੇ ਐਸ.ਸੀ.ਐਲ. ਵਿਖੇ ਸੈਮੀਕੰਡਕਟਰ ਪ੍ਰੋਸੈਸ

ਗੈਲਰੀ ਤੇ ਪਰੰਗਟ ਸੈਮੀਕੰਡਕਟਰ ਸਿਖਲਾਈ ਲੈਬ ਦਾ ਉਦਘਾਟਨ

- ਪੰਜਾਬ ਚ ਜ਼ਿਲ੍ਹਾ ਪ੍ਰੀਸ਼ਦ ਤੇ ਪੰਚਾਇਤ ਸੰਮਤੀ ਚੋਣਾਂ ਲਈ ਵੋਟਾਂ 14 ਦਸੰਬਰ ਨੂੰ ਪੈਣਗੀਆਂ-ਸੂਬੇ ਚ ਚੋਣ ਜ਼ਾਬਤਾ ਹੋਇਆ ਲਾਗੂ
- ਪੰਜਾਬ ਸਰਕਾਰ ਵਲੋਂ 12 ਪ੍ਰਮੁੱਖ ਸ਼੍ਰੇਣੀਆਂ ਦੇ 300 ਸਪੈਸ਼ਲਿਸਟ ਡਾਕਟਰਾਂ ਨੂੰ ਸੂਚੀਬੱਧ ਕਰਨ ਦੀ ਪ੍ਰਵਾਨਗੀ

**ਇਸ ਦੇ ਨਾਲ ਹੀ ਰਾਸ਼ਟਰੀ ਖ਼ਬਰਾਂ ਦਾ ਇਹ ਬੁਲੇਟਿਨ ਖ਼ਤਮ ਹੁੰਦਾ ਏ। ਨਮਸਕਾਰ !**